# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2013-14 ਲਈ ਪੰਜਾਬ ਓਪਨ ਸਕੂਲ ਦੀਆਂ ਮੈਟ੍ਰਿਕੁਲੇਸ਼ਨ ਅਤੇ ਸੀਨੀਅਰ ਸੈਕੰਡਰੀ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਦਾਖਲਿਆਂ ਲਈ ਸਰਕਾਰੀ, ਗੈਰ-ਸਰਕਾਰੀ, ਮਾਨਤਾ ਪ੍ਰਾਪਤ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ ਸਕੂਲਾਂ ਤੋਂ ਨਵੀਂ ਐਕਰੀਡਿਟੇਸ਼ਨ ਦੇਣ/ਰੀਨਿਊ ਕਰਨ ਲਈ ਪ੍ਰਤੀ-ਬੇਨਤੀਆਂ ਮੰਗਣ ਲਈ ਮਿਤੀਆਂ ਨਿਰਧਾਰਤ ਕਰ ਦਿੱਤੀਆਂ ਗਈਆਂ ਹਨ। ਨਵੀਂ ਐਕਰੀਡਿਟੇਸ਼ਨ ਫੀਸ ਮੈਟ੍ਰਿਕ ਲਈ 2000/- ਰੁ: ਅਤੇ ਸੀਨੀਅਰ ਸੈਕੰਡਰੀ ਲਈ 3000/- ਰੁ: ਪ੍ਰਤੀ ਗਰੁੱਪ ਹੋਵੇਗੀ। ਐਕਰੀਡਿਟੇਸ਼ਨ ਰੀਨਿਊਅਲ ਫੀਸ ਮੈਟ੍ਰਿਕ ਅਤੇ ਸੀਨੀਅਰ ਸੈਕੰਡਰੀ (ਪ੍ਰਤੀ ਗਰੁੱਪ) ਲਈ 1000/- ਰੁ: ਹੋਵੇਗੀ। ਬਿਨਾਂ ਲੇਟ ਫੀਸ ਫਾਰਮ ਦਾਖਲ ਕਰਨ ਦੀ ਮਿਤੀ 17 ਜਨਵਰੀ, 2013 ਹੈ। 1000/- ਰੁਪਏ ਲੇਟ ਫੀਸ ਨਾਲ ਮਿਤੀ 15 ਫਰਵਰੀ, 2013 ਤੱਕ ਅਤੇ 2000/- ਰੁਪਏ ਲੇਟ ਫੀਸ ਨਾਲ ਮਿਤੀ 28 ਫਰਵਰੀ, 2013 ਤੱਕ ਪ੍ਰਤੀ-ਬੇਨਤੀਆਂ ਦਿੱਤੀਆਂ ਜਾ ਸਕਦੀਆਂ ਹਨ। ਸਰਕਾਰੀ ਸਕੂਲਾਂ ਅਤੇ ਬੋਰਡ ਦੇ ਆਦਰਸ਼ ਸਕੂਲਾਂ ਨੂੰ ਐਕਰੀਡਿਟੇਸ਼ਨ ਫੀਸ ਤੋਂ ਛੋਟ ਦਿੱਤੀ ਗਈ ਹੈ। ਬਿਨੈ-ਪੱਤਰ ਦਾ ਪ੍ਰੋਫਾਰਮਾ ਬੋਰਡ ਦੀ ਵੈਬਸਾਈਟ www.pseb.ac.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।

ਸਕੱਤਰ

ਪੰਜਾਬ ਸਕੂਲ ਸਿੱਖਿਆ ਬੋਰਡ